ਰਾਗੁ ਨਟ ਨਾਰਾਇਨ ਮਹਲਾ ੫    ੴ ਸਤਿਗੁਰ ਪ੍ਰਸਾਦਿ ॥ ਰਾਮ ਹਉ ਕਿਆ ਜਾਨਾ ਕਿਆ ਭਾਵੈ॥ ਮਨਿ ਪਿਆਸ ਬਹੁਤੁ ਦਰਸਾਵੈ ॥੧॥ ਰਹਾਉ ॥ ਸੋਈ ਗਿਆਨੀ ਸੋਈ ਜਨੁ ਤੇਰਾ ਜਿਸੁ ਊਪਰਿ ਰੁਚ ਆਵੈ ॥ ਕ੍ਰਿਪਾ ਕਰਹੁ ਜਿਸੁ ਪੁਰਖ ਬਿਧਾਤੇ ਸੋ ਸਦਾ ਸਦਾ ਤੁਧੁ ਧਿਆਵੈ ॥ ੧॥ ਕਵਨ ਜੋਗ ਕਵਨ ਗਿਆਨ ਧਿਆਨਾ ਕਵਨ ਗੁਨੀ ਰੀਝਾਵੈ ॥ ਸੋਈ ਜਨੁ ਸੋਈ ਨਿਜ ਭਗਤਾ ਜਿਸੁ ਊਪਰਿ ਰੰਗੁ ਲਾਵੈ ॥੨॥ ਸਾਈ ਮਤਿ ਸਾਈ ਬੁਧਿ ਸਿਆਨਪ ਜਿਤੁ ਨਿਮਖ ਨ ਪ੍ਰਭੁ ਬਿਸਰਾਵੈ ॥ ਸੰਤਸੰਗਿ ਲਗਿ ਏਹੁ ਸੁਖੁ ਪਾਇਓ ਹਰਿ ਗੁਨ ਸਦ ਹੀ ਗਾਵੈ ॥੩॥ ਦੇਖਿਓ ਅਚਰਜੁ ਮਹਾ ਮੰਗਲ ਰੂਪ ਕਿਛੁ ਆਨ ਨਹੀ ਦਿਸਟਾਵੈ ॥ ਕਹੁ ਨਾਨਕ ਮੋਰਚਾ ਗੁਰਿ ਲਾਹਿਓ ਤਹ ਗਰਭ ਜੋਨਿ ਕਹ ਆਵੈ ॥੪॥੧॥ {ਪੰਨਾ 978}

ਪਦਅਰਥ:- ਹਉ—ਹਉਂ, ਮੈਂ। ਜਾਨਾ—ਜਾਨਾਂ, (ਮੈਂ) ਜਾਣਦਾ। ਕਿਆ ਭਾਵੈ—(ਤੈਨੂੰ) ਕੀਹ ਚੰਗਾ ਲੱਗਦਾ ਹੈ। ਮਨਿ—ਮਨ ਵਿਚ। ਪਿਆਸ—ਤਾਂਘ। ਦਰਸਾਵੈ—(ਤੇਰੇ) ਦਰਸਨ ਦੀ।1। ਰਹਾਉ।

ਸੋਈ—ਉਹੀ ਮਨੁੱਖ। ਗਿਆਨੀ—ਗਿਆਨਵਾਨ, ਆਤਮਕ ਜੀਵਨ ਦੀ ਸੂਝ ਵਾਲਾ। ਰੁਚ—(ਤੇਰੀ) ਖ਼ੁਸ਼ੀ। ਕਰਹੁ—ਤੁਸੀ ਕਰਦੇ ਹੋ। ਪੁਰਖ—ਹੇ ਸਰਬ-ਵਿਆਪਕ! ਬਿਧਾਤੇ—ਹੇ ਸਿਰਜਣਹਾਰ!।1।

ਜੋਗ—ਜੋਗ-ਸਾਧਨ। ਗਿਆਨ—ਗਿਆਨ ਦੀਆਂ ਗੱਲਾਂ। ਧਿਆਨਾ—ਸਮਾਧੀਆਂ। ਗੁਨੀ—ਗੁਣਾਂ ਨਾਲ। ਰੀਝਾਵੈ—(ਪ੍ਰਭੂ ਨੂੰ ਜੀਵ) ਖ਼ੁਸ਼ ਕਰ ਸਕਦਾ ਹੈ। ਕਵਨ—ਕਿਹੜੇ? ਨਿਜ—ਆਪਣਾ, ਪਿਆਰਾ। ਰੰਗੁ—ਪਿਆਰ ਦਾ ਰੰਗ। ਲਾਵੈ—ਲਾਂਦਾ ਹੈ, ਚਾੜ੍ਹਦਾ ਹੈ।2।

ਸਾਈ—ਉਹੀ {ਲਫ਼ਜ਼ 'ਸੋਈ' ਪੁਲਿੰਗ ਲਫ਼ਜ਼ 'ਸਾਈ' ਇਸਤ੍ਰੀ ਲਿੰਗ}। ਜਿਤੁ—ਜਿਸ ਦੀ ਰਾਹੀਂ। ਨਿਮਖ—ਅੱਖ ਝਮਕਣ ਜਿਤਨਾ ਸਮਾ। ਬਿਸਰਾਵੈ—ਭੁਲਾਂਦਾ। ਸੰਤ ਸੰਗਿ—ਗੁਰੂ (ਦੇ ਚਰਨਾਂ) ਨਾਲ। ਲਗਿ—ਲੱਗ ਕੇ। ਸਦ—ਸਦਾ।3।

ਮੰਗਲਾ ਰੂਪ—ਆਨੰਦ-ਸਰੂਪ ਪ੍ਰਭੂ। ਆਨ—{ANX} ਹੋਰ। ਦਿਸਟਾਵੈ—ਨਜ਼ਰੀਂ ਆਉਂਦਾ, ਦਿੱਸਦਾ। ਮੋਰਚਾ—ਜੰਗਾਲ, ਮਨ ਉਤੇ ਚੜ੍ਹਿਆ ਹੋਇਆ ਵਿਕਾਰਾਂ ਦਾ ਜੰਗਾਲ। ਗੁਰਿ—ਗੁਰੂ ਨੇ। ਤਹ—ਉਹ। ਕਹ—ਕਿੱਥੇ?।4।

ਅਰਥ:- ਹੇ ਪਰਮਾਤਮਾ! ਮੈਂ ਇਹ ਤਾਂ ਨਹੀਂ ਜਾਣਦਾ ਕਿ ਤੈਨੂੰ ਕੀਹ ਚੰਗਾ ਲੱਗਦਾ ਹੈ (ਭਾਵ, ਮੇਰੀ ਤਾਂਘ ਪਸੰਦ ਹੈ ਜਾਂ ਨਹੀਂ, ਪਰ) ਮੇਰੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਬਹੁਤ ਹੈ।1। ਰਹਾਉ।

ਹੇ ਸਰਬ-ਵਿਆਪਕ! ਹੇ ਸਿਰਜਣਹਾਰ! ਉਹੀ ਮਨੁੱਖ ਉੱਚੇ ਆਤਮਕ ਜੀਵਨ ਦੀ ਸੂਝ ਵਾਲਾ ਹੈ, ਉਹੀ ਮਨੁੱਖ ਤੇਰਾ ਸੇਵਕ ਹੈ, ਜਿਸ ਉੱਤੇ ਤੇਰੀ ਖ਼ੁਸ਼ੀ ਹੁੰਦੀ ਹੈ। ਹੇ ਪ੍ਰਭੂ! ਜਿਸ ਉੱਤੇ ਤੂੰ ਮਿਹਰ ਕਰਦਾ ਹੈਂ, ਉਹ ਤੈਨੂੰ ਸਦਾ ਹੀ ਸਿਮਰਦਾ ਰਹਿੰਦਾ ਹੈ।1।

ਹੇ ਭਾਈ! ਉਹ ਕਿਹੜੇ ਜੋਗ-ਸਾਧਨ ਹਨ? ਕਿਹੜੀਆਂ ਗਿਆਨ ਦੀਆਂ ਗੱਲਾਂ ਹਨ? ਕਿਹੜੀਆਂ ਸਮਾਧੀਆਂ ਹਨ? ਕਿਹੜੇ ਗੁਣ ਹਨ ਜਿਨ੍ਹਾਂ ਨਾਲ ਕੋਈ ਮਨੁੱਖ ਪਰਮਾਤਮਾ ਨੂੰ ਪ੍ਰਸੰਨ ਕਰ ਸਕਦਾ ਹੈ? (ਮਨੁੱਖ ਦੇ ਆਪਣੇ ਇਹੋ ਜਿਹੇ ਕੋਈ ਜਤਨ ਕਾਮਯਾਬ ਨਹੀਂ ਹੁੰਦੇ)। ਉਹੀ ਮਨੁੱਖ ਪ੍ਰਭੂ ਦਾ ਸੇਵਕ ਹੈ, ਉਹੀ ਮਨੁੱਖ ਪ੍ਰਭੂ ਦਾ ਪਿਆਰਾ ਭਗਤ ਹੈ, ਜਿਸ ਉਤੇ ਉਹ ਆਪ ਆਪਣੇ ਪਿਆਰ ਦਾ ਰੰਗ ਚਾੜ੍ਹਦਾ ਹੈ।2।

ਹੇ ਭਾਈ! ਉਹੀ ਸਮਝ (ਚੰਗੀ ਹੈ), ਉਹੀ ਬੁੱਧੀ ਤੇ ਸਿਆਣਪ (ਚੰਗੀ ਹੈ), ਜਿਸ ਦੀ ਰਾਹੀਂ ਮਨੁੱਖ ਪਰਮਾਤਮਾ ਨੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਭੁਲਾਂਦਾ। (ਹੇ ਭਾਈ! ਜਿਸ ਮਨੁੱਖ ਨੇ) ਗੁਰੂ ਦੇ ਚਰਨਾਂ ਵਿਚ ਬੈਠ ਕੇ ਇਹ (ਹਰਿ-ਨਾਮ-ਸਿਮਰਨ) ਸੁਖ ਹਾਸਲ ਕਰ ਲਿਆ, ਉਹ ਸਦਾ ਹੀ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।3।

ਹੇ ਭਾਈ! ਜਿਸ ਮਨੁੱਖ ਨੇ ਅਚਰਜ-ਰੂਪ ਮਹਾਂ ਆਨੰਦ-ਰੂਪ ਪਰਮਾਤਮਾ ਦਾ ਦਰਸਨ ਕਰ ਲਿਆ, ਉਸ ਨੂੰ (ਉਸ ਵਰਗੀ) ਕੋਈ ਹੋਰ ਚੀਜ਼ ਨਹੀਂ ਦਿੱਸਦੀ। ਹੇ ਨਾਨਕ! ਆਖ—ਗੁਰੂ ਨੇ (ਜਿਸ ਮਨੁੱਖ ਦੇ ਮਨ ਤੋਂ ਵਿਕਾਰਾਂ ਦਾ) ਜੰਗਾਲ ਲਾਹ ਦਿੱਤਾ ਉਥੇ ਜਨਮ ਮਰਨ ਦਾ ਗੇੜ ਕਦੇ ਨੇੜੇ ਭੀ ਨਹੀਂ ਢੁਕ ਸਕਦਾ।4।1।